ਰਾਮਕਲੀ ਮਹਲਾ ੧ ॥ ਖਟੁ ਮਟੁ ਦੇਹੀ ਮਨੁ ਬੈਰਾਗੀ ॥ ਸੁਰਤਿ ਸਬਦੁ ਧੁਨਿ ਅੰਤਰਿ ਜਾਗੀ ॥ ਵਾਜੈ ਅਨਹਦੁ ਮੇਰਾ ਮਨੁ ਲੀਣਾ ॥ ਗੁਰ ਬਚਨੀ ਸਚਿ ਨਾਮਿ ਪਤੀਣਾ ॥ ੧॥ ਪ੍ਰਾਣੀ ਰਾਮ ਭਗਤਿ ਸੁਖੁ ਪਾਈਐ ॥ ਗੁਰਮੁਖਿ ਹਰਿ ਹਰਿ ਮੀਠਾ ਲਾਗੈ ਹਰਿ ਹਰਿ ਨਾਮਿ ਸਮਾਈਐ ॥੧॥ ਰਹਾਉ ॥ ਮਾਇਆ ਮੋਹੁ ਬਿਵਰਜਿ ਸਮਾਏ ॥ ਸਤਿਗੁਰੁ ਭੇਟੈ ਮੇਲਿ ਮਿਲਾਏ ॥ ਨਾਮੁ ਰਤਨੁ ਨਿਰਮੋਲਕੁ ਹੀਰਾ ॥ ਤਿਤੁ ਰਾਤਾ ਮੇਰਾ ਮਨੁ ਧੀਰਾ ॥੨॥ ਹਉਮੈ ਮਮਤਾ ਰੋਗੁ ਨ ਲਾਗੈ ॥ ਰਾਮ ਭਗਤਿ ਜਮ ਕਾ ਭਉ ਭਾਗੈ ॥ ਜਮੁ ਜੰਦਾਰੁ ਨ ਲਾਗੈ ਮੋਹਿ ॥ ਨਿਰਮਲ ਨਾਮੁ ਰਿਦੈ ਹਰਿ ਸੋਹਿ ॥ ੩॥ ਸਬਦੁ ਬੀਚਾਰਿ ਭਏ ਨਿਰੰਕਾਰੀ ॥ ਗੁਰਮਤਿ ਜਾਗੇ ਦੁਰਮਤਿ ਪਰਹਾਰੀ ॥ ਅਨਦਿਨੁ ਜਾਗਿ ਰਹੇ ਲਿਵ ਲਾਈ ॥ ਜੀਵਨ ਮੁਕਤਿ ਗਤਿ ਅੰਤਰਿ ਪਾਈ ॥੪॥ ਅਲਿਪਤ ਗੁਫਾ ਮਹਿ ਰਹਹਿ ਨਿਰਾਰੇ ॥ ਤਸਕਰ ਪੰਚ ਸਬਦਿ ਸੰਘਾਰੇ ॥ ਪਰ ਘਰ ਜਾਇ ਨ ਮਨੁ ਡੋਲਾਏ ॥ ਸਹਜ ਨਿਰੰਤਰਿ ਰਹਉ ਸਮਾਏ ॥੫॥ ਗੁਰਮੁਖਿ ਜਾਗਿ ਰਹੇ ਅਉਧੂਤਾ ॥ ਸਦ ਬੈਰਾਗੀ ਤਤੁ ਪਰੋਤਾ ॥ ਜਗੁ ਸੂਤਾ ਮਰਿ ਆਵੈ ਜਾਇ ॥ ਬਿਨੁ ਗੁਰ ਸਬਦ ਨ ਸੋਝੀ ਪਾਇ ॥੬॥ ਅਨਹਦ ਸਬਦੁ ਵਜੈ ਦਿਨੁ ਰਾਤੀ ॥ ਅਵਿਗਤ ਕੀ ਗਤਿ ਗੁਰਮੁਖਿ ਜਾਤੀ ॥ ਤਉ ਜਾਨੀ ਜਾ ਸਬਦਿ ਪਛਾਨੀ ॥ ਏਕੋ ਰਵਿ ਰਹਿਆ ਨਿਰਬਾਨੀ ॥੭॥ ਸੁੰਨ ਸਮਾਧਿ ਸਹਜਿ ਮਨੁ ਰਾਤਾ ॥ ਤਜਿ ਹਉ ਲੋਭਾ ਏਕੋ ਜਾਤਾ ॥ ਗੁਰ ਚੇਲੇ ਅਪਨਾ ਮਨੁ ਮਾਨਿਆ ॥ ਨਾਨਕ ਦੂਜਾ ਮੇਟਿ ਸਮਾਨਿਆ ॥੮॥੩॥ {ਪੰਨਾ 903-904}

ਪਦਅਰਥ:- ਖਟੁ—ਛੇ (ਚੱਕਰ) {ਨੋਟ:- ਯੋਗ ਮਤ ਅਨੁਸਾਰ, ਸਰੀਰ ਦੇ ਛੇ ਚੱਕਰ ਹਨ ਜਿਨ੍ਹਾਂ ਵਿਚ ਸੁਆਸ ਲੰਘ ਕੇ ਦਸਮ ਦੁਆਰ ਵਿਚ ਪਹੁੰਚਦਾ ਹੈ:- 1. ਮੂਲਾਧਾਰ (ਗੁਦਾ ਮੰਡਲ ਦਾ ਚੱਕਰ); 2. ਸ੍ਵਾਧਿਸ਼ਠਾਨ (ਲਿੰਗ ਦੀ ਜੜ੍ਹ ਵਿਚ); 3. ਮਣਿਪੁਰ ਚੱਕਰ (ਧੁੱਨੀ ਦੇ ਕੋਲ); 4. ਅਨਾਹਤ ਚੱਕਰ (ਦਿਲ ਵਿਚ); 5. ਵਿਸੁੱਧ ਚੱਕਰ (ਗਲ ਵਿਚ); 6. ਆਗਿਆ ਚੱਕਰ (ਭਰਵੱਟਿਆਂ ਦੇ ਵਿਚਕਾਰ)।

ਮਟੁ—(ਜੋਗੀਆਂ ਦਾ) ਮਠ। ਦੇਹੀ—ਸਰੀਰ। ਧੁਨਿ—ਲਗਨ। ਬਾਜੈ—ਵੱਜਦਾ ਹੈ। ਅਨਹਦੁ—ਬਿਨਾ ਵਜਾਇਆਂ, ਇਕ-ਰਸ। ਸਚਿ—ਸਦਾ-ਥਿਰ ਹਰੀ ਵਿਚ।1।

ਗੁਰਮੁਖਿ—ਗੁਰੂ ਦੀ ਸਰਨ ਪਿਆਂ। ਨਾਮਿ—ਨਾਮ ਵਿਚ।1। ਰਹਾਉ।

ਬਿਵਰਜਿ—ਰੋਕ ਕੇ। ਭੇਟੈ—ਮਿਲਦਾ ਹੈ। ਮੇਲਿ—ਸੰਗਤਿ ਵਿਚ। ਨਿਰਮੋਲਕੁ—ਜਿਸ ਦਾ ਮੁੱਲ ਨ ਪਾਇਆ ਜਾ ਸਕੇ। ਤਿਤੁ—ਉਸ (ਨਾਮ) ਵਿਚ। ਰਾਤਾ—ਰੰਗਿਆ ਹੋਇਆ। ਧੀਰਾ—ਟਿਕ ਗਿਆ।2।

ਜਮ—ਮੌਤ। ਜੰਦਾਰੁ—ਅਵੈੜਾ, ਭਿਆਨਕ। ਮੋਹਿ—ਮੈਨੂੰ। ਸੋਹਿ—ਸੋਹੈ, ਸੋਭਦਾ ਹੈ।3।

ਬੀਚਾਰਿ—ਵਿਚਾਰ ਕੇ, ਸੋਚ-ਮੰਡਲ ਵਿਚ ਲਿਆ ਕੇ। ਨਿਰੰਕਾਰੀ—ਨਿਰੰਕਾਰ ਵਾਲੇ। ਪਰਹਾਰੀ—ਦੂਰ ਕਰ ਦਿੱਤੀ। ਅਨਦਿਨੁ—ਹਰ ਰੋਜ਼। ਜਾਗਿ—ਸੁਚੇਤ ਰਹਿ ਕੇ। ਗਤਿ—ਉੱਚੀ ਆਤਮਕ ਅਵਸਥਾ।4।

ਅਲਿਪਤ—ਨਿਰਲੇਪ। ਨਿਰਾਰੇ—ਨਿਰਾਲੇ, ਨਿਰਮੋਹ। ਤਸਕਰ—ਚੋਰ। ਪੰਚ—(ਕਾਮਾਦਿਕ) ਪੰਜ। ਸੰਘਾਰੇ—ਮਾਰ ਦਿੱਤੇ। ਰਹਉ—ਮੈਂ ਰਹਿੰਦਾ ਹਾਂ।5।

ਅਉਧੂਤਾ—ਤਿਆਗੀ। ਤਤੁ—ਜਗਤ ਦਾ ਮੂਲ ਪ੍ਰਭੂ। ਮਰਿ—ਆਤਮਕ ਮੌਤੇ ਮਰ ਕੇ।6।

ਅਨਹਦ—ਇਕ-ਰਸ। ਵਜੈ—ਵੱਜਦਾ ਹੈ, ਪ੍ਰਭਾਵ ਪਾਈ ਰੱਖਦਾ ਹੈ। ਅਵਿਗਤ—{AÒXÙØ} ਅਦ੍ਰਿਸ਼ਟ ਪ੍ਰਭੂ। ਤਉ—ਤਦੋਂ। ਜਾ—ਜਦੋਂ। ਨਿਰਬਾਨੀ—ਵਾਸਨਾ-ਰਹਿਤ।7।

ਸੁੰਨ ਸਮਾਧਿ—ਅਫੁਰ ਇਕਾਗ੍ਰਤਾ, ਉਹ ਇਕਾਗ੍ਰ ਅਵਸਥਾ ਜਿਥੇ ਮਾਇਆ ਦਾ ਕੋਈ ਫੁਰਨਾ ਨਾਹ ਫੁਰੇ, ਜਿਥੇ ਮਾਇਕ ਫੁਰਨਿਆਂ ਵਲੋਂ ਸੁੰਞ ਰਹੇ। ਸਹਜਿ—ਅਡੋਲ ਆਤਮਕ ਅਵਸਥਾ ਵਿਚ। ਤਜਿ—ਤਿਆਗ ਕੇ। ਹਉ—ਹਉਮੈ। ਦੂਜਾ—ਪ੍ਰਭੂ ਤੋਂ ਬਿਨਾ ਹੋਰ ਝਾਕ। ਮੇਟਿ—ਮਿਟਾ ਕੇ।8।

ਅਰਥ:- ਹੇ ਪ੍ਰਾਣੀ! ਪਰਮਾਤਮਾ ਦੀ ਭਗਤੀ ਕੀਤਿਆਂ ਹੀ ਆਤਮਕ ਆਨੰਦ ਮਿਲਦਾ ਹੈ। ਗੁਰੂ ਦੀ ਸਰਨ ਪਿਆਂ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਤੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਈਦਾ ਹੈ।1। ਰਹਾਉ।

(ਹੇ ਜੋਗੀ! ਗੁਰੂ ਦੀ ਸਰਨ ਪੈ ਕੇ) ਮੇਰਾ ਖਟ-ਚੱਕ੍ਰੀ ਸਰੀਰ ਹੀ (ਮੇਰੇ ਵਾਸਤੇ) ਮਠ ਬਣ ਗਿਆ ਹੈ ਤੇ (ਇਸ ਮਠ ਵਿਚ ਟਿਕ ਕੇ) ਮੇਰਾ ਮਨ ਵੈਰਾਗੀ ਹੋ ਗਿਆ ਹੈ। ਗੁਰੂ ਦਾ ਸ਼ਬਦ ਮੇਰੀ ਸੁਰਤਿ ਵਿਚ ਟਿਕ ਗਿਆ ਹੈ, ਪਰਮਾਤਮਾ ਦੇ ਨਾਮ ਦੀ ਲਗਨ ਮੇਰੇ ਅੰਦਰ ਜਾਗ ਪਈ ਹੈ। (ਮੇਰੇ ਅੰਦਰ) ਗੁਰੂ ਦਾ ਸ਼ਬਦ ਇਕ-ਰਸ ਪ੍ਰਬਲ ਪ੍ਰਭਾਵ ਪਾ ਰਿਹਾ ਹੈ, ਤੇ ਉਸ ਵਿਚ ਮੇਰਾ ਮਨ ਮਸਤ ਹੋ ਰਿਹਾ ਹੈ। ਗੁਰੂ ਦੀ ਬਾਣੀ ਦੀ ਬਰਕਤਿ ਨਾਲ (ਮੇਰਾ ਮਨ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਗਿੱਝ ਗਿਆ ਹੈ।1।

ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਗੁਰੂ ਉਸ ਨੂੰ ਸੰਗਤਿ ਵਿਚ ਮਿਲਾਂਦਾ ਹੈ ਤੇ ਉਹ ਮਾਇਆ ਦਾ ਮੋਹ ਰੋਕ ਕੇ ਪ੍ਰਭੂ-ਨਾਮ ਵਿਚ ਲੀਨ ਹੋ ਜਾਂਦਾ ਹੈ। ਪਰਮਾਤਮਾ ਦਾ ਨਾਮ (ਮਾਨੋ, ਇਕ) ਰਤਨ ਹੈ (ਇਕ ਐਸਾ) ਹੀਰਾ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ। (ਗੁਰੂ ਦੀ ਸਰਨ ਪੈ ਕੇ) ਮੇਰਾ ਮਨ ਭੀ ਉਸ ਨਾਮ ਵਿਚ ਰੰਗਿਆ ਗਿਆ ਹੈ ਉਸ ਨਾਮ ਵਿਚ ਟਿਕ ਗਿਆ ਹੈ।2।

(ਗੁਰੂ ਦੀ ਰਾਹੀਂ) ਪਰਮਾਤਮਾ ਦੀ ਭਗਤੀ ਕੀਤਿਆਂ ਮੌਤ ਦਾ ਡਰ ਦੂਰ ਹੋ ਜਾਂਦਾ ਹੈ, ਹਉਮੈ-ਰੋਗ ਮਾਇਆ ਦੀ ਮਮਤਾ ਦਾ ਰੋਗ (ਮਨ ਨੂੰ) ਨਹੀਂ ਚੰਬੜਦਾ। (ਗੁਰੂ ਦੀ ਕਿਰਪਾ ਨਾਲ) ਭਿਆਨਕ ਜਮ ਭੀ ਮੈਨੂੰ ਨਹੀਂ ਪੋਹਦਾ (ਕਿਉਂਕਿ) ਪਰਮਾਤਮਾ ਦਾ ਪਵਿਤ੍ਰ ਨਾਮ ਮੇਰੇ ਹਿਰਦੇ ਵਿਚ ਸੋਭ ਰਿਹਾ ਹੈ।3।

ਗੁਰੂ ਦੇ ਸ਼ਬਦ ਨੂੰ ਸੋਚ-ਮੰਡਲ ਵਿਚ ਟਿਕਾ ਕੇ ਪਰਮਾਤਮਾ ਦੇ ਹੀ (ਸੇਵਕ) ਹੋ ਜਾਈਦਾ ਹੈ, ਮਨ ਵਿਚ ਗੁਰੂ ਦੀ ਸਿੱਖਿਆ ਪ੍ਰਬਲ ਹੋ ਜਾਂਦੀ ਹੈ ਤੇ ਭੈੜੀ ਮਤਿ ਦੂਰ ਹੋ ਜਾਂਦੀ ਹੈ। ਜੇਹੜੇ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜ ਕੇ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, ਉਹ ਆਪਣੇ ਅੰਦਰ ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦੇ ਹਨ ਜੋ ਮਾਇਆ ਵਿਚ ਵਰਤਦਿਆਂ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਕਰ ਦੇਂਦੀ ਹੈ।4।

(ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ) ਸਰੀਰ-ਗੁਫ਼ਾ ਦੇ ਅੰਦਰ ਹੀ ਮਾਇਆ ਤੋਂ ਨਿਰਲੇਪ ਰਹਿੰਦੇ ਹਨ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਕਾਮਾਦਿਕ ਪੰਜਾਂ ਚੋਰਾਂ ਨੂੰ ਮਾਰ ਲੈਂਦੇ ਹਨ। (ਗੁਰੂ ਦੀ ਸਰਨ ਪੈ ਕੇ ਸਿਮਰਨ ਕਰਨ ਵਾਲਾ ਬੰਦਾ) ਆਪਣੇ ਮਨ ਨੂੰ ਪਰਾਏ ਘਰ ਵਲ ਜਾ ਕੇ ਡੋਲਣ ਨਹੀਂ ਦੇਂਦਾ।

(ਗੁਰੂ ਦੀ ਕਿਰਪਾ ਨਾਲ ਹੀ ਸਿਮਰਨ ਕਰ ਕੇ) ਮੈਂ ਅਡੋਲ ਆਤਮਕ ਅਵਸਥਾ ਵਿਚ ਇਕ-ਰਸ ਲੀਨ ਰਹਿੰਦਾ ਹਾਂ।5।

ਅਸਲ ਤਿਆਗੀ ਉਹੀ ਹੈ ਜੋ ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ ਰਾਹੀਂ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ। ਜੇਹੜਾ ਮਨੁੱਖ ਜਗਤ ਦੇ ਮੂਲ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਪ੍ਰੋਈ ਰੱਖਦਾ ਹੈ ਉਹ ਸਦਾ (ਮਾਇਆ ਤੋਂ) ਵੈਰਾਗਵਾਨ ਰਹਿੰਦਾ ਹੈ।

ਜਗਤ ਮਾਇਆ ਦੇ ਮੋਹ ਦੀ ਨੀਂਦ ਵਿਚ (ਪਰਮਾਤਮਾ ਦੀ ਯਾਦ ਵਲੋਂ) ਸੁੱਤਾ ਰਹਿੰਦਾ ਹੈ, ਤੇ, ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ। (ਮਾਇਆ ਦੀ ਨੀਂਦ ਵਿਚ ਸੁੱਤੇ ਪਏ ਨੂੰ) ਗੁਰੂ ਦੇ ਸ਼ਬਦ ਤੋਂ ਬਿਨਾ ਇਹ ਸਮਝ ਹੀ ਨਹੀਂ ਪੈਂਦੀ।6।

ਜੋ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ (ਉਸ ਦੇ ਅੰਦਰ) ਗੁਰੂ ਦਾ ਸ਼ਬਦ ਦਿਨ ਰਾਤ ਇਕ-ਰਸ ਪ੍ਰਬਲ ਪ੍ਰਭਾਵ ਪਾਈ

ਰੱਖਦਾ ਹੈ, ਉਸ ਨੂੰ ਇਹ ਪਛਾਣ ਆ ਜਾਂਦੀ ਹੈ ਕਿ ਅਦ੍ਰਿਸ਼ਟ ਤੇ ਵਾਸਨਾ-ਰਹਿਤ ਪ੍ਰਭੂ ਇਹੋ ਜਿਹਾ ਹੈ ਕਿ ਉਹ ਆਪ ਹੀ ਹਰ ਥਾਂ ਵਿਆਪਕ ਹੈ। ਪਰ ਇਹ ਸੂਝ ਮਨੁੱਖ ਨੂੰ ਤਦੋਂ ਹੀ ਆਉਂਦੀ ਹੈ ਜਦੋਂ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਇਹ ਭੇਤ) ਪਛਾਣਦਾ ਹੈ।7।

(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ ਉਸ ਦਾ) ਮਨ ਉਸ ਇਕਾਗ੍ਰਤਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸਦਾ ਸੁੰਞ ਰਹਿੰਦੀ ਹੈ ਤੇ ਅਡੋਲ ਆਤਮਕ ਅਵਸਥਾ (ਦੇ ਰੰਗ) ਵਿਚ ਰੰਗਿਆ ਜਾਂਦਾ ਹੈ। ਹਉਮੈ ਤੇ ਲੋਭ ਨੂੰ ਤਿਆਗ ਕੇ ਉਹ ਮਨੁੱਖ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਈ ਰੱਖਦਾ ਹੈ।

ਹੇ ਨਾਨਕ! ਗੁਰੂ ਦੀ ਸਰਨ ਪਏ ਹੋਏ ਸਿੱਖ ਦਾ ਆਪਣਾ ਮਨ ਗੁਰੂ ਦੀ ਸਿੱਖਿਆ ਵਿਚ ਪਤੀਜ ਜਾਂਦਾ ਹੈ, ਉਹ ਪਰਮਾਤਮਾ ਤੋਂ ਬਿਨਾ ਹੋਰ ਝਾਕ ਮਿਟਾ ਕੇ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ।8।3।